ਅਜੀਤ, ਜਲੰਧਰ
ਅੰਮ੍ਰਿਤਸਰ ਅਜੀਤ
ਬੁੱਧਵਾਰ, 29 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵਲੋਂ ਰਾਮ ਤੀਰਥ ਰੋਡ, ਅੱਡਾ ਬਾਉਲੀ ਵਿਖੇ ਕਰਵਾਏ ਗਏ ਚੁਪਹਿਰਾ ਜਾਪ ਸਮਾਗਮ ਦੌਰਾਨ ਕਥਾ ਕੀਰਤਨ ਦੁਆਰਾ ਹਾਜ਼ਰੀ ਭਰਦੇ ਹੋਏ ਭਾਈ ਅਮਨਦੀਪ ਸਿੰਘ ਅਤੇ ਉਨ੍ਹਾਂ ਦੇ ਸਾਥੀ। ਤਸਵੀਰ : ਧਰਵਿੰਦਰ ਸਿੰਘ ਔਲਖ

ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰਸੱਟ ਵਲੋਂ ਚੁਪਹਿਰਾ ਜਾਪ ਸਮਾਗਮ ਕਰਵਾਇਆ

ਰਾਮ ਤੀਰਥ, 28 ਅਕਤੂਬਰ (ਧਰਵਿੰਦਰ ਸਿੰਘ ਔਲਖ)-ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਵਲੋਂ ਮਹੀਨੇਵਾਰ ਚੁਪਹਿਰਾ ਜਾਪ ਸਮਾਗਮ ਰਾਮ ਤੀਰਥ ਰੋਡ, ਅੱਡਾ ਬਾਉਲੀ ਵਿਖੇ ਸ਼ਰਧਾ ਤੇ ਭਾਵਨਾ ਨਾਲ ਕੀਤਾ ਗਿਆ। ਇਸ ਮੌਕੇ ਟਰੱਸਟ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਨੇ ਸੰਗਤਾਂ ਨਾਲ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ, ਗੁਰੂ ਜੀ ਦੇ ਇਤਿਹਾਸ ਅਤੇ ਅੰਮ੍ਰਿਤਸਰ ਸਾਹਿਬ ਦੀ ਮਹਾਨਤਾ ਬਾਰੇ ਵਿਸਥਾਰ ਨਾਲ ਵਿਵਰਣ ਦਿੱਤਾ। ਇਸੇ ਤਰ੍ਹਾਂ ਪ੍ਰਸਿੱਧ ਕਥਾਵਾਚਕ ਭਾਈ ਗੁਰਚਰਨ ਸਿੰਘ ਨੇ ਗੁਰੂ ਸਾਹਿਬ ਦੀ ਕਥਾ ਅਤੇ ਅਨਮੋਲ ਵਿਚਾਰ ਸਾਂਝੇ ਕਰਦਿਆਂ ਸੰਗਤਾਂ ਨੂੰ ਗੁਰੂ ਦੇ ਲੜ ਲੱਗਣ ਦੀ ਸੇਧ ਦਿੱਤੀ। ਟਰੱਸਟ ਦੇ ਸੇਵਾਦਾਰ ਭਾਈ ਅਮਤੇਸ਼ਵਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਹਰ ਮਹੀਨੇ ਨਿਯਮਿਤ ਤੌਰ 'ਤੇ 27 ਤਰੀਖ ਨੂੰ ਕਰਵਾਇਆ ਜਾਂਦਾ ਹੈ। ਇਸ ਸਮਾਗਮ ਵਿਚ ਭਾਈ ਰੋਬਿਨ ਸਿੰਘ, ਭਾਈ ਅਵਤਾਰ ਸਿੰਘ ਅਤੇ ਭਾਈ ਅੰਮ੍ਰਿਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

ਸਠਿਆਲਾ ਵਿਖੇ ਕੋਚ ਜੋਤੀ ਬੱਲ ਟੂਰਨਮੈਂਟ ਲਈ ਟੀਮ ਦੀ ਤਿਆਰੀ ਕਰਨ ਬਾਰੇ ਦੱਸਦੇ ਹੋਏ। ਤਸਵੀਰ : ਜਗੀਰ ਸਿੰਘ ਸਫਰੀ

ਸਠਿਆਲਾ 'ਚ ਗੁਰੂ ਨਾਨਕ ਦੇਵ ਜੀ ਦੀ ਯਾਦ 'ਚ ਫੁੱਟਬਾਲ ਕੱਪ ਕੱਲ੍ਹ ਆਰੰਭ

ਸਠਿਆਲਾ, 28 ਅਕਤੂਬਰ (ਜਗੀਰ ਸਿੰਘ ਸਫਰੀ)-ਪਹਿਲਵਾਨ ਬਾਬਾ ਲਾਭ ਸਿੰਘ ਸਪੋਰਟਸ ਕਲੱਬ ਸਠਿਆਲਾ ਵਲੋਂ ਗੁਰੂ ਨਾਨਕ ਦੇਵ ਜੀ ਦੀ ਯਾਦ ਨੂੰ ਸਮਰਪਿਤ ਫੁੱਟਬਾਲ ਟੂਰਨਾਮੈਂਟ ਕਰਵਾਏ ਜਾ ਰਿਹਾ ਹੈ। ਇਸ ਬਾਰੇ ਕੋਚ ਜੋਤੀ ਬੱਲ ਨੇ ਦੱਸਿਆ ਹੈ ਕਿ ਚਾਰ ਰੋਜ਼ਾ ਛੇਵਾਂ ਸਲਾਨਾ ਫੁੱਟਬਾਲ ਕੱਪ 30 ਨੂੰ ਆਰੰਭ ਹੋਵੇਗਾ ਤੇ 2 ਨਵੰਬਰ ਨੂੰ ਫਾਈਨਲ ਮੈਚ ਹੋਣ ਉਪਰੰਤ ਇਨਾਮ ਵੰਡ ਸਮਾਗਮ ਹੋਵੇਗਾ। ਉਨ੍ਹਾਂ ਨੇ ਦੱਸਿਆ ਹੈ ਕਿ ਗੁਰਬਿੰਦਰ ਸਿੰਘ ਬੱਲ ਆਸਟ੍ਰੇਲੀਆ ਅਤੇ ਰਮਨਦੀਪ ਸਿੰਘ ਕੈਨੇਡਾ ਵਲੋਂ ਟੀਮਾਂ ਨੂੰ ਸਨਮਾਨਿਤ ਕੀਤਾ ਜਾਵੇਗਾ।

ਆਪ ਆਗੂ ਜਗਦੀਸ਼ ਸਿੰਘ ਬਿੱਟੂ ਦਾ ਦਿਹਾਂਤ

ਟਾਂਗਰਾ, 28 ਅਕਤੂਬਰ (ਹਰਜਿੰਦਰ ਸਿੰਘ ਕਲੇਰ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਦੀਸ਼ ਸਿੰਘ ਬਿੱਟੂ (ਸਪੋਅਰ ਪਾਰਟ ਵਾਲੇ) ਦਾ ਅਚਾਨਕ ਦੇਹਾਂਤ ਹੋ ਗਿਆ। ਪਿੰਡ ਕੋਟਲਾ ਬਥੁੰਨਗੜ੍ਹ ਦੇ ਸ਼ਮਸ਼ਾਨ ਘਾਟ ਵਿਖੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ। ਇਸ ਮੌਕੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਆਗੂਆਂ ਤੋਂ ਇਲਾਵਾ ਕੈਬਿਨਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਭਰਾ ਸਤਿੰਦਰ ਸਿੰਘ, ਪ੍ਰਧਾਨ ਸਰਬਜੀਤ ਸਿੰਘ ਡਿੰਪੀ ਸ਼ਹਿਰੀ ਜੰਡਿਆਲਾ ਗੁਰੂ, ਪ੍ਰਧਾਨ ਕੁਲਵੰਤ ਸਿੰਘ ਸੰਗਰਾਵਾਂ, ਬਲਜੀਤ ਸਿੰਘ ਖਾਲਸਾ ਟਾਂਗਰਾ, ਸਰਪੰਚ ਗੁਰਦੀਪ ਸਿੰਘ ਕੋਟਲਾ, ਸਰਪੰਚ ਦਵਿੰਦਰ ਸਿੰਘ ਮੰਨੂ ਜਥੋਵਾਲ, ਸਰਪੰਚ ਸੁਖਵਿੰਦਰ ਸਿੰਘ, ਸਰਪੰਚ ਗੁਰਮੁਖ ਸਿੰਘ ਸਰਜਾ, ਪਰਦੀਪ ਸਿੰਘ ਖਾਲਸਾ, ਬਲਵਿੰਦਰ ਸਿੰਘ ਬਿੰਦੂ ਮੁੱਛਲ, ਬਿਕਰਮ ਸਿੰਘ ਕੋਟਲਾ, ਬਿਕਰ ਸਿੰਘ ਸੰਗਰਾਵਾਂ ਆਦਿ ਵੱਡੀ ਗਿਣਤੀ ਵਿਚ ਪਹੁੰਚੇ।

ਪੰਜਾਬ ਭਾਜਪਾ ਦੇ ਜਨਰਲ ਸਕੱਤਰ ਸ: ਪਰਮਿੰਦਰ ਸਿੰਘ ਬਰਾੜ ਨੂੰ ਸਨਮਾਨਿਤ ਕਰਦਿਆਂ ਹਲਕਾ ਬਾਬਾ ਬਕਾਲਾ ਸਾਹਿਬ ਦੇ ਸਾਬਕਾ ਵਿਧਾਇਕ ਸ: ਮਨਜੀਤ ਸਿੰਘ ਮੰਨਾ ਅਤੇ ਹੋਰ। ਤਸਵੀਰਾਂ : ਸ਼ੇਲਿੰਦਰਜੀਤ ਸਿੰਘ ਰਾਜਨ

ਸਾਬਕਾ ਵਿਧਾਇਕ ਮੰਨਾ ਵਲੋਂ ਪੰਜਾਬ ਭਾਜਪਾ ਦੇ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ ਦਾ ਸਨਮਾਨ

ਬਾਬਾ ਬਕਾਲਾ ਸਾਹਿਬ, 28 ਅਕਤੂਬਰ (ਸ਼ੇਲਿੰਦਰਜੀਤ ਸਿੰਘ ਰਾਜਨ)-ਹਲਕਾ ਬਾਬਾ ਬਕਾਲਾ ਸਾਹਿਬ ਦੇ ਸਾਬਕਾ ਵਿਧਾਇਕ, ਸਾਬਕਾ ਪਾਰਲੀਮਾਨੀ ਸਕੱਤਰ ਅਤੇ ਸੀਨੀਅਰ ਆਗੂ ਭਾਜਪਾ ਸ: ਮਨਜੀਤ ਸਿੰਘ ਮੰਨਾ ਨੇ ਆਪਣੇ ਗ੍ਰਹਿ ਪਿੰਡ ਮੀਆਂਵਿੰਡ ਵਿਖੇ ਪੰਜਾਬ ਭਾਜਪਾ ਦੇ ਜਨਰਲ ਸਕੱਤਰ ਸ: ਪਰਮਿੰਦਰ ਸਿੰਘ ਬਰਾੜ ਦੇ ਪਹੁੰਚਣ 'ਤੇ ਜਿੱਥੇ ਉਨ੍ਹਾਂ ਦੇ ਨਾਲ ਰਾਜਨੀਤਿਕ ਵਿਚਾਰ ਸਾਂਝੇ ਕੀਤੇ ਅਤੇ ਆਪਣੀ ਸਾਰੀ ਟੀਮ ਵਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ । ਇਸ ਮੌਕੇ ਸ: ਵਿਧਾਇਕ ਮੰਨਾ ਨੇ ਜਨਰਲ ਸਕੱਤਰ ਸ: ਪਰਮਿੰਦਰ ਸਿੰਘ ਬਰਾੜ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਜਪਾ ਦਾ ਅਧਾਰ ਦਿਨੋਂ ਦਿਨ ਪਿੰਡਾਂ ਵਿਚ ਮਜ਼ਬੂਤ ਹੋਇਆ ਹੈ ਅਤੇ ਹਲਕਾ ਬਾਬਾ ਬਕਾਲਾ ਸਾਹਿਬ ਅਤੇ ਤਰਨ ਤਾਰਨ ਵਿਚ ਭਾਜਪਾ ਪੂਰੀ ਤਰ੍ਹਾਂ ਮਜ਼ਬੂਤ ਸਥਿਤੀ ਵਿਚ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਜਸਵੰਤ ਸਿੰਘ ਡਿੱਪੀ ਮੀਆਂਵਿੰਡ, ਕਰਮ ਸਿੰਘ ਖਿਲਚੀਆਂ, ਹਰਜਿੰਦਰ ਸਿੰਘ ਗੋਲ੍ਹਣ ਬਾਬਾ ਬਕਾਲਾ ਸਾਹਿਬ, ਰਾਜੇਸ਼ ਟਾਂਗਰੀ ਰਈਆ, ਪ੍ਰਭਜੋਤ ਸਿੰਘ ਨਾਗੋਕੇ, ਪਿੰਦਰ ਦੌਲੋ ਨੰਗਲ, ਪੰਮਾ ਛਾਪਿਆਂਵਾਲੀ, ਰਵੀ ਟਪਿਆਲਾ, ਬਲਵਿੰਦਰ ਸਿੰਘ ਭੁੱਲਰ ਬਾਬਾ ਬਕਾਲਾ ਸਾਹਿਬ ਅਤੇ ਹੋਰ ਹਾਜ਼ਰ ਸਨ ।

ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਮੌਕੇ ਚੌਥਾ ਕਬੱਡੀ ਕੱਪ ਕਰਵਾਇਆ

ਜੈਂਤੀਪੁਰ/ਕੱਥੂਨੰਗਲ, 28 ਅਕਤੂਬਰ (ਭੁਪਿੰਦਰ ਸਿੰਘ ਗਿੱਲ, ਦਲਵਿੰਦਰ ਸਿੰਘ ਰੰਧਾਵਾ)-ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦਾ ਸਾਲਾਨਾ ਜੋੜ ਮੇਲਾ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੇਵਾ ਛਬੀਲ, ਜੋੜਾ ਘਰ ਦੇ ਪ੍ਰੇਮੀ ਸੇਵਾਦਾਰਾਂ ਅਤੇ ਐੱਨ.ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਚੌਥਾ ਕਬੱਡੀ ਕੱਪ ਕਰਵਾਇਆ ਗਿਆ। ਇਸ ਕਬੱਡੀ ਕੱਪ ਵਿਚ ਲੜਕੀਆਂ ਦੀ ਕਬੱਡੀ ਮੈਚ ਹਰਿਆਣਾ ਅਤੇ ਅੰਮ੍ਰਿਤਸਰ ਦਰਮਿਆਨ ਕਰਵਾਇਆ ਗਿਆ ਜਿਸ ਵਿਚ ਪਹਿਲੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ ਪ੍ਰਬੰਧਕ ਕਬੱਡੀ ਕਮੇਟੀ ਅਤੇ ਇਲਾਕੇ ਦੇ ਮੁਹਤਬਰਾਂ ਵਲੋਂ ਵੱਡੇ ਇਨਾਮ ਦਿੱਤੇ ਗਏ। ਇਸ ਮੌਕੇ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਮੌਕੇ ਕੱਥੂਨੰਗਲ ਵਿਖੇ ਸੇਵਾ ਕਰਨ ਵਾਲੇ ਸੇਵਕ ਛਬੀਲ, ਜੋੜਾ ਘਰ ਤੇ ਐੱਨ.ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ । ਜਿਸ ਵਿਚ ਬਾਬਾ ਬੁੱਢਾ ਸਾਹਿਬ ਜੀ ਕਬੱਡੀ ਕਲੱਬ ਰਮਦਾਸ ਤੇ ਬਾਬਾ ਬਿਧੀਚੰਦ ਕਬੱਡੀ ਕਲੱਬ ਫਰੰਦੀਪੁਰ ਦਰਮਿਆਨ ਖੇਡਿਆ ਗਿਆ। ਇਸ ਮੈਚ ਵਿਚ ਬਾਬਾ ਬੁੱਢਾ ਸਾਹਿਬ ਜੀ ਰਮਦਾਸ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ ਪਹਿਲੇ ਨੰਬਰ ਦੀ ਜੇਤੂ ਟੀਮ ਨੂੰ 80 ਹਜ਼ਾਰ ਤੇ ਦੂਸਰੇ ਨੰਬਰ 'ਤੇ ਆਉਣ ਵਾਲੀ ਟੀਮ ਨੂੰ 70 ਹਜ਼ਾਰ ਰੁਪਏ ਅਤੇ ਏਕਮ ਫਤਾਹਪੁਰ ਨੂੰ ਦੇਸੀ ਘਿਉ ਦਾ ਟੀਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕਬੱਡੀ ਕੱਪ 'ਚ ਬਾਬਾ ਬਿਧੀ ਚੰਦ ਸਪੋਰਟਸ ਕਲੱਬ ਤੇ ਬਾਬਾ ਬੁੱਢਾ ਸਾਹਿਬ ਜੀ ਕਬੱਡੀ ਕਲੱਬ ਰਮਦਾਸ ਵਿਚਕਾਰ ਖੇਡਿਆ ਗਿਆ ਕਬੱਡੀ ਮੈਚ ਲੋਕਾਂ ਦੀ ਖਿੱਚ ਬਣਿਆ ਰਿਹਾ ਜਿਸ ਨੇ ਕਬੱਡੀ ਪ੍ਰੇਮੀਆਂ ਨੂੰ ਮੈਚ ਦੇ ਅੰਤ ਤੱਕ ਖੇਡ ਮੈਦਾਨ 'ਚ ਬਿਠਾਈ ਰੱਖਿਆ । ਇਸ ਮੌਕੇ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਬਾਬਾ ਸੁਖਚੈਨ ਸਿੰਘ ਚੰਨਾ, ਮੈਨੇਜਰ ਜਗਰੂਪ ਸਿੰਘ, ਚਾਚਾ ਸੁਭਾਸ਼ ਚਵਿੰਡਾ ਦੇਵੀ, ਸਾਬਕਾ ਸਰਪੰਚ ਹਰਪ੍ਰਤਾਪ ਸਿੰਘ ਬਿੱਟੂ ਰੂਪੋਵਾਲੀ, ਹਰਜਿੰਦਰ ਸਿੰਘ, ਸਾਬਕਾ ਸਰਪੰਚ ਨਵਦੀਪ ਸਿੰਘ ਕੋਟਲਾ, ਡਾ. ਗੁਰਜਿੰਦਰ ਸਿੰਘ ਸਿੱਧੂ, ਮਨਜੀਤ ਸਿੰਘ ਸੋਹੀ, ਮਲਕੀਤ ਸਿੰਘ ਸ਼ਾਮਨਗਰ, ਭੇਜਾ ਭੋਏਵਾਲੀਆ, ਪ੍ਰਿੰਸ, ਹੈਪੀ ਸਹਿਜਾਦਾ, ਬੋਨੀ, ਨੋਬਲ, ਮੰਨੂ ਯੂ. ਐੱਸ. ਏ., ਅਮਰਬੀਰ ਯੂ. ਐੱਸ. ਏ., ਜਰਮਨ, ਲਵਪ੍ਰੀਤ ਸਿੰਘ, ਪ੍ਰਤਾਪ ਸਿੰਘ, ਆਜੂ ਕੋਟ, ਜੋਗਿੰਦਰ ਸਿੰਘ, ਪ੍ਰੀਤ ਲੁੱਧੜ, ਸਾਬੀ, ਚਾਚਾ ਕੇਵਲ ਸਿੰਘ ਭੋਆ, ਜੋਬਨਜੀਤ ਸਿੰਘ, ਜਸ਼ਨਦੀਪ ਸਿੰਘ ਜੋੜੇ ਘਰ ਛਬੀਲ ਤੇ ਐੱਨ. ਆਰ. ਆਈ. ਵੀਰਾਂ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦਾ ਬਾਬਾ ਸੁਭਾਸ਼ ਸਿੰਘ ਤੇ ਹਰਪ੍ਰਤਾਪ ਸਿੰਘ ਬਿੱਟੂ ਰੰਧਾਵਾ ਵਲੋਂ ਧੰਨਵਾਦ ਕੀਤਾ ਗਿਆ

ਕਬੱਡੀ ਕੱਪ ਦੌਰਾਨ ਕਰਵਾਏ ਗਏ ਲੜਕੀਆਂ ਦੇ ਸ਼ੋਅ ਮੈਚ ਵਿਚ ਜੇਤੂ ਟੀਮ ਨੂੰ ਇਨਾਮ ਤਕਸੀਮ ਕਰਦੇ ਹੋਏ ਸੰਤ ਬਾਬਾ ਸਰਦਾਰਾ ਸਿੰਘ ਜੀ, ਬਾਬਾ ਸੁਭਾਸ਼ ਸਿੰਘ, ਹਰਪ੍ਰਤਾਪ ਸਿੰਘ ਬਿੱਟੂ ਤੇ ਹੋਰ। ਤਸਵੀਰ : ਭੁਪਿੰਦਰ ਸਿੰਘ ਗਿੱਲ

ਧੰਨ ਧੰਨ ਬਾਬਾ ਨਾਗਾ ਜੀ ਦਾ ਸਾਲਾਨਾ ਜਾਗਰਣ ਕੱਲ੍ਹ

ਭਿੱਖੀਵਿੰਡ, 28 ਅਕਤੂਬਰ (ਬੌਬੀ)- ਧੰਨ ਧੰਨ ਬਾਬਾ ਨਾਗਾ ਜੀ ਦਾ ਸਲਾਨਾ ਜਾਗਰਣ 30 ਅਕਤੂਬਰ ਨੂੰ ਭਿੱਖੀਵਿੰਡ ਮੇਨ ਚੌਕ ਵਿਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪਹੁੰਚਣਗੇ ਅਤੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਨਾਂਗਾ ਜੀ ਪ੍ਰਬੰਧਕ ਕਮੇਟੀ ਕੀਮਤੀ ਧਵਨ, ਰਾਕੇਸ ਚੋਪੜਾ, ਅਸ਼ੋਕ ਕੁਮਾਰ ਬੱਬਾ ਪੰਜਾਬ ਕਿੰਗ, ਨਵੀਨ ਧਵਨ, ਬਿੱਕਾਂ ਧਵਨ, ਸੋਨੂੰ ਸ਼ੇਰਗਿੱਲ, ਰਾਕੇਸ ਸ਼ੇਰਗਿੱਲ ਨੇ ਦੱਸਿਆ ਕਿ ਬਾਬਾ ਜੀ ਦਾ ਇਹ ਜਾਗਰਣ ਹਰ ਸਾਲ ਕਰਵਾਇਆ ਜਾਂਦਾ ਹੈ, ਜਿਸ ਵਿਚ 'ਆਪ' ਦੇ ਪੰਜਾਬ ਦੇ ਮਸ਼ਹੂਰ ਸਿੰਗਰ ਕਾਸ਼ੀ ਨਾਥ ਆ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜ ਕੇ ਨਿਹਾਲ ਕਰਦੇ ਹਨ।

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਗੁਰੂ ਦੀ ਨਗਰੀ ਬਾਬਾ ਬਕਾਲਾ ਸਾਹਿਬ ਵਿਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਪ੍ਰਧਾਨ ਸੁਰਜੀਤ ਸਿੰਘ ਕੰਗ ਅਤੇ ਕੌਂਸਲਰ ਸਾਹਿਬਾਨ। ਤਸਵੀਰ : ਸ਼ੇਲਿੰਦਰਜੀਤ ਸਿੰਘ ਰਾਜਨ

ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਗੁਰੂ ਦੀ ਨਗਰੀ ਬਾਬਾ ਬਕਾਲਾ ਸਾਹਿਬ 'ਚ ਵਿਕਾਸ ਕਾਰਜ ਸ਼ੁਰੂ

ਬਾਬਾ ਬਕਾਲਾ ਸਾਹਿਬ, 28 ਅਕਤੂਬਰ (ਸ਼ੇਲਿੰਦਰਜੀਤ ਸਿੰਘ ਰਾਜਨ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਯਾਤਰਾਵਾਂ ਅਤੇ ਸਮਾਗਮ ਦੀ ਤਿਆਰੀ ਤੋਂ ਪਹਿਲਾ ਮੁੱਖ ਮੰਤਰੀ ਭਗਵੰਤ ਮਾਨ, ਕੈਬਿਨਟ ਮੰਤਰੀ ਡਾ: ਰਵਜੋਤ ਸਿੰਘ, ਕੈਬਿਨਟ ਮੰਤਰੀ ਹਰਜੋਤ ਸਿੰਘ ਬੈਂਸ, ਕੈਬਿਨਟ ਮੰਤਰੀ ਤਰਨਪ੍ਰੀਤ ਸਿੰਘ ਸੌਂਧ, ਕੈਬਿਨਟ ਮੰਤਰੀ ਹਰਭਜਨ ਸਿੰਘ ਈ.ਟੀ.ਓ., ਅਤੇ ਸਮੂਹ ਐਮ.ਐਲ.ਏ. ਸਾਹਿਬਾਨਾਂ ਦੇ ਯਤਨਾਂ ਸਦਕਾ ਗੁਰੂ ਨਗਰੀ ਬਾਬਾ ਬਕਾਲਾ ਸਾਹਿਬ ਵਿਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਜਾਣਕਾਰੀ ਦਿੰਦਿਆਂ ਇੱਥੇ ਨਗਰ ਪੰਚਾਇਤ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸੁਰਜੀਤ ਸਿੰਘ ਕੰਗ ਨੇ ਦੱਸਿਆ ਕਿ ਜਿਸ ਤਹਿਤ ਸਭ ਤੋਂ ਪਹਿਲਾਂ ਸੇਵਾ ਦੇ ਪੁੰਜ ਗਊਆਂ ਵਾਲੇ ਬਾਬਾ ਪਾਲਾ ਸਿੰਘ ਜੀ ਵਾਲੇ